28_Oct_Nawanshahar_5_6_7_8.qxd 10/28/2025 10:43 PM Page 2

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **29 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ ਅਤੇ 30 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਬਰਤੋੜ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **29 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਦਵਿੰਦਰ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਗੁਰਸੇਵਕ ਸਿੰਘ** ਤੇ **30 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਜਬਰਤੋੜ ਸਿੰਘ ਤੇ ਭਾਈ ਗੁਰਜਿੰਦਰ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 29 ਅਕਤੂਬਰ ਨੂੰ ਗਿਆਨੀ ਰਣਜੀਤ ਸਿੰਘ ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਅਤੇ 30 ਅਕਤੂਬਰ ਨੂੰ ਬਾਬਾ ਬੰਤਾ ਸਿੰਘ ਮੁੰਡਾਪਿੰਡ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸੱਤਵੇਂ ਜ਼ਿਲ੍ਹਾ ਪੱਧਰੀ ਮਹਾਨ ਕੀਰਤਨ ਦਰਬਾਰ ਦੀ ਜਾਹੋ-ਜਲਾਲ ਨਾਲ ਹੋਈ ਸੰਪੂਰਨਤਾ

ਪੰਥ ਪ੍ਰਸਿੱਧ ਰਾਗੀ ਜਥੇ, ਪ੍ਰਚਾਰਕਾਂ ਤੇ ਪ੍ਰਮੁੱਖ ਸ਼ਖ਼ਸੀਅਤਾਂ ਨੇ ਭਰੀ ਹਾਜ਼ਰੀ

ਨਵਾਂਸ਼ਹਿਰ, 28 ਅਕਤੂਬਰ (ਜਸਬੀਰ ਸਿੰਘ ਨੂਰਪੁਰ)-ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨਵਾਂਸ਼ਹਿਰ ਨੇ ਧਾਰਮਿਕ ਸੇਵਾਵਾਂ ਦੀ ਲੜੀ ਨੂੰ ਜਾਰੀ ਰੱਖਦੇ ਹੋਏ ਖ਼ਾਲਸਾ ਸਕੂਲ ਨਵਾਂਸ਼ਹਿਰ ਦੀ ਗਰਾਊਂਡ ਵਿਖੇ ਸੱਤਵਾਂ ਸਾਲਾਨਾ ਮਹਾਨ ਕੀਰਤਨ ਦਰਬਾਰ ਕਰਵਾਇਆ ਗਿਆ। ਤਿੰਨ ਰੋਜ਼ਾ ਮਹਾਨ ਕੀਰਤਨ ਦਰਬਾਰ ਦੀ ਸੰਪੂਰਨਤਾ ਚੜ੍ਹਦੀਕਲਾ ਤੇ ਜਾਹੋ-ਜਲਾਲ ਨਾਲ ਹੋਈ ਅਤੇ ਇਹ ਗੁਰਮਤਿ ਸਮਾਗਮ ਅੰਮ੍ਰਿਤਮਈ ਗੁਰਬਾਣੀ ਦੇ ਪ੍ਰਚਾਰ, ਪ੍ਰਸਾਰ, ਸਰਬ ਸਾਂਝੀਵਾਲਤਾ ਤੇ ਅਮਨ ਦਾ ਅਮਿੱਟ ਸੰਦੇਸ਼ ਦਿੰਦਾ ਹੋਇਆ ਸਫਲਤਾਪੂਰਵਕ ਸੰਪੂਰਨ ਹੋਇਆ। ਸੁਸਾਇਟੀ ਦੇ ਮੁੱਖ ਸਰਪ੍ਰਸਤ ਗਿਆਨੀ ਸਰਬਜੀਤ ਸਿੰਘ ਲੁਧਿਆਣਾ ਵਾਲੇ, ਮੁੱਖ ਸੇਵਾਦਾਰ ਸੁਰਜੀਤ ਸਿੰਘ, ਦੀਦਾਰ ਸਿੰਘ ਗਹੂੰਣ ਉਪ ਮੁੱਖ ਸੇਵਾਦਾਰ ਤੇ ਸਮੁੱਚੀ ਸੁਸਾਇਟੀ ਟੀਮ ਦੇ ਵਿਸ਼ੇਸ਼ ਉਪਰਾਲੇ ਸਦਕਾ ਤਿੰਨ ਰੋਜ਼ਾ ਮਹਾਨ ਕੀਰਤਨ ਦਰਬਾਰ ਵਿਚ ਅੱਜ ਵੀ ਪੰਜਾਂ ਪਿਆਰਿਆਂ ਦੀ ਯੋਗ ਅਗਵਾਈ ਹੇਠ ਗੁਰਦੁਆਰਾ ਗੁਰੂ ਅੰਗਦ ਨਗਰ ਤੋਂ ਨਗਰ ਕੀਰਤਨ ਦੇ ਰੂਪ ਵਿਚ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਜਾਹੋ-ਜਲਾਲ ਤੇ ਚੜ੍ਹਦੀ ਕਲਾ ਨਾਲ ਖ਼ਾਲਸਾ ਸਕੂਲ ਦੀ ਗਰਾਊਂਡ ਵਿਖੇ ਵਿਸ਼ਾਲ ਤੇ ਖ਼ੂਬਸੂਰਤ ਪੰਡਾਲ ਵਿਚ ਲਿਆਂਦੇ ਗਏ ਜਿਥੇ ਸ਼ਾਮ ਨੂੰ ਰਹਿਰਾਸ ਸਾਹਿਬ ਜੀ ਦੇ ਪਾਠ ਕੀਤੇ ਗਏ। ਉਪਰੰਤ ਭਾਈ ਹਰੀ ਦਰਬਾਰ ਸੰਗੀਤ ਵਿਦਿਆਲਾ ਅਟਾਰੀ ਦੇ ਰਾਗੀ ਜਥੇ, ਭਾਈ ਸਰਬਜੀਤ ਸਿੰਘ ਪਟਨਾ ਸਾਹਿਬ ਵਾਲਿਆਂ ਦੇ ਜਥੇ ਤੇ ਪ੍ਰਸਿੱਧ ਕਥਾਵਾਚਕ ਭਾਈ ਸਰਬਜੀਤ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਤੇ ਗੁਰਮਤਿ ਵਿਚਾਰਾਂ ਰਾਹੀਂ ਨਿਹਾਲ ਕੀਤਾ। ਸਮਾਗਮ ਦੌਰਾਨ ਅੰਮ੍ਰਿਤ ਸੰਚਾਰ ਕਰਵਾਇਆ, ਜਿਸ ਵਿਚ 40 ਪ੍ਰਾਣੀ ਅੰਮ੍ਰਿਤ ਪਾਨ ਕਰਕੇ ਸਿੰਘ-ਸਿੰਘਣੀਆਂ ਸਜੇ ਅਤੇ ਗੁਰੂ ਵਾਲੇ ਬਣੇ। ਸੰਸਥਾ ਦੇ ਸਰਪ੍ਰਸਤ ਗਿਆਨੀ ਸਰਬਜੀਤ ਸਿੰਘ ਤੇ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਅੰਮ੍ਰਿਤ ਪਾਨ ਕਰਨ ਵਾਲੇ ਸਿੰਘਾਂ-ਸਿੰਘਣੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ। ਉਨ੍ਹਾਂ ਨੇ ਅੰਮ੍ਰਿਤ ਪਾਨ ਕਰਨ ਵਾਲਿਆਂ ਨੂੰ ਸਿੱਖੀ ਵਿਚ ਪਰਪੱਕਤਾ ਬਰਕਰਾਰ ਰੱਖਣ ਲਈ ਬੇਨਤੀ ਕੀਤੀ। ਅੰਤ 'ਚ ਭਾਈ ਜਗਜੀਤ ਸਿੰਘ ਬੰਬੀਹਾ ਦਿੱਲੀ ਵਾਲਿਆਂ ਨੇ ਗੁਰਬਾਣੀ ਕੀਰਤਨ ਗਾਇਨ ਕਰਕੇ ਖ਼ੂਬ ਠੱਠ ਬੰਨਿਆਂ ਤੇ ਸੰਗਤਾਂ ਨੂੰ ਮੰਤਰ-ਮੁਗਧ ਕੀਤਾ। ਗਿਆਨੀ ਬਲਜੀਤ ਸਿੰਘ ਮੁੱਖ ਅਰਦਾਸੀਏ ਸ੍ਰੀ ਦਰਬਾਰ ਸਾਹਿਬ ਵਾਲਿਆਂ ਨੇ ਸਮਾਗਮ ਦੀ ਸੰਪੂਰਨਤਾ, ਸੁਸਾਇਟੀ ਅਤੇ ਇਲਾਕਾ ਨਿਵਾਸੀ ਸੰਗਤਾਂ ਦੀ ਚੜ੍ਹਦੀ ਕਲ੍ਹਾ ਲਈ ਅਰਦਾਸ ਕੀਤੀ। ਸਮਾਗਮ ਦੌਰਾਨ ਸੰਤ ਬਾਬਾ ਸਤਨਾਮ ਸਿੰਘ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਸਮਾਪਤੀ 'ਤੇ ਪੰਡਾਲ 'ਚੋਂ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪਾਵਨ ਸਰੂਪ ਦੀ ਬੈੰਡ ਵਾਜਿਆਂ ਦੀ ਗੂੰਜ ਵਿਚ ਰਵਾਨਗੀ ਸਮੇਂ ਸੜਕ ਦੇ ਦੋਨੋਂ ਤਰਫ਼ੋਂ ਹਜ਼ਾਰਾਂ ਹੀ ਸੰਗਤਾਂ ਵਲੋਂ ਫੁੱਲਾਂ ਦੀ ਵਰਖਾ ਕੀਤੀ ਗਈ ਤੇ ਨਾਲ ਆਤਿਸ਼ਬਾਜ਼ੀ ਦੇ ਮਨਮੋਹਕ ਦ੍ਰਿਸ਼ ਸੰਗਤਾਂ ਨੂੰ ਦੇਖਣ ਦਾ ਸੁਭਾਗ ਪ੍ਰਾਪਤ ਹੋਇਆ। ਗੁਰੂ ਕੀਆਂ ਲਾਡਲੀਆਂ ਫ਼ੌਜਾਂ ਨੇ ਗਤਕੇ ਦੇ ਖ਼ੂਬ ਜੌਹਰ ਦਿਖਾਏ ਗਏ। ਨਗਰ ਕੀਰਤਨ ਦੇ ਅਲੌਕਿਕ ਤੇ ਅਦਭੁੱਤ ਨਜ਼ਾਰਿਆਂ ਨੂੰ ਦੇਖ ਕੇ ਸੰਗਤਾਂ ਖ਼ੁਸ਼ੀ 'ਚ ਬਹੁਤ ਭਾਵੁਕ ਨਜ਼ਰ ਆ ਰਹੀਆਂ ਸਨ। ਸਮਾਗਮਾਂ ਦੌਰਾਨ ਡਾ. ਨਛੱਤਰ ਪਾਲ ਵਿਧਾਇਕ, ਲਲਿਤ ਮੋਹਨ ਪਾਠਕ ਬੱਲੂ ਹਲਕਾ ਇੰਚਾਰਜ, ਅੰਗਦ ਸਿੰਘ ਸਾਬਕਾ ਵਿਧਾਇਕ, ਗੁਰਇਕਬਾਲ ਕੌਰ ਸਾਬਕਾ ਵਿਧਾਇਕ, ਰਾਜ ਕੁਮਾਰ ਡੀ. ਐੱਸ. ਪੀ., ਮਦਨ ਗੋਪਾਲ ਐਡਵੋਕੇਟ, ਜੱਜ ਕਰਨਵੀਰ ਸਿੰਘ, ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਹਸਪਤਾਲ, ਸਤਨਾਮ ਸਿੰਘ ਲਾਦੀਆਂ, ਡਾ. ਹਰਵਿੰਦਰ ਸਿੰਘ, ਜਸਵੀਰ ਸਿੰਘ ਢਿੱਲੋਂ ਮਾਛੀਵਾੜਾ, ਢਿੱਲੋਂ ਮਾਛੀਵਾੜਾ, ਗੋਪਾਲ ਸਿੰਘ ਰੱਕੜ ਢਾਹਾਂ, ਰਵਿੰਦਰ ਸਿੰਘ ਸਾਬਕਾ ਆਈ. ਟੀ. ਓ., ਸੁਖਵਿੰਦਰ ਸਿੰਘ ਸੈਕਟਰੀ ਚੱਕਦਾਨਾ, ਤੇਜਪਾਲ ਸਿੰਘ ਭਾਈ ਘਨੱਈਆ ਸੇਵਕ ਦਲ, ਸੁੱਚਾ ਸਿੰਘ, ਕਮਲਜੀਤ ਸਿੰਘ ਵਜੀਦਪੁਰ ਕਲਗੀਧਰ ਸੇਵਕ ਜਥਾ, ਜਗਤਾਰ ਸਿੰਘ ਪ੍ਰਧਾਨ ਨਿਸ਼ਕਾਮ ਸੁਸਾਇਟੀ ਮਹਿੰਦੀਪੁਰ, ਰਾਮਪਾਲ ਰਾਏ, ਜਗਤਾਰ ਸਿੰਘ ਜੱਬੋਵਾਲ, ਕੁਲਜਿੰਦਰਜੀਤ ਸਿੰਘ ਸੋਢੀ, ਗੁਰਜੀਤ ਕੌਰ ਰਮਰਾਇਪੁਰ, ਕੁਲਵੰਤ ਸਿੰਘ ਹਿਆਲਾ, ਜਸਪਾਲ ਸਿੰਘ ਜਾਡਲੀ, ਗੁਰਮੁੱਖ ਸਿੰਘ ਜੇ.ਈ ਲੰਗੜੋਆ, ਰਾਜਵੰਤ ਸਿੰਘ ਲੰਗੜੋਆ, ਉੱਤਮ ਸਿੰਘ ਸੇਠੀ, ਬਲਵੰਤ ਸਿੰਘ ਸੋਇਤਾ, ਜਗਜੀਤ ਸਿੰਘ ਜਨਰਲ ਸਕੱਤਰ, ਜਗਦੀਪ ਸਿੰਘ ਕੈਸ਼ੀਅਰ, ਬਲਵੀਰ ਸਿੰਘ ਘਮੌਰ, ਪਲਵਿੰਦਰ ਸਿੰਘ ਕਰਿਆਮ, ਹਰਦੀਪ ਸਿੰਘ ਗੜ੍ਹ ਪਧਾਣਾ, ਤਲਵੀਰ ਸਿੰਘ ਬਲਾਚੌਰ, ਨਰਿੰਦਰ ਸਿੰਘ ਭਾਰਟਾ, ਮਨਜੀਤ ਸਿੰਘ ਰਾਹੋਂ, ਤਰਲੋਚਨ ਸਿੰਘ ਰਾਹੋਂ, ਦਿਲਬਾਗ ਸਿੰਘ ਰਾਹੋਂ, ਗੁਰੂ ਰਾਮਦਾਸ ਸੁਸਾਇਟੀ ਤੋਂ ਸੁਖਵਿੰਦਰ ਸਿੰਘ ਥਾਂਦੀ, ਅਮਰਜੀਤ ਸਿੰਘ ਖ਼ਾਲਸਾ, ਮਹਿੰਦਰ ਪਾਲ ਸਿੰਘ ਜਲਵਾਹਾ, ਹਰਪਾਲ ਸਿੰਘ ਆਕਲਿਆਣਾ, ਹਰਨੇਕ ਸਿੰਘ ਧੌਲ, ਸਤਵੀਰ ਸਿੰਘ ਗੋਨੀ, ਪਰਮਜੀਤ ਸਿੰਘ ਰਾਹੋਂ, ਸੁਖਵਿੰਦਰ ਸਿੰਘ ਗੋਬਿੰਦਪੁਰ, ਊਧਮ ਸਿੰਘ ਗੋਬਿੰਦਪੁਰ, ਹਰਜਿੰਦਰ ਸਿੰਘ ਅਤੇ ਹਰੀ ਦਰਬਾਰ ਵਿਦਿਆਲਾ ਅਟਾਰੀ ਦੀ ਸੰਗਤ, ਹਰਜਿੰਦਰ ਸਿੰਘ ਮੰਡਿਆਣੀ, ਜਗਤਾਰ ਸਿੰਘ ਮਹਿੰਦੀਪੁਰ, ਕਰਮਜੀਤ ਸਿੰਘ ਸੋਢੀ, ਬਲਦੀਪ ਸਿੰਘ ਕਾਜ਼ਮਪੁਰ ਤੋਂ ਇਲਾਵਾ ਨੰਬਰਦਾਰ ਸਵਰਨ ਸਿੰਘ, ਤਰਲੋਕ ਸਿੰਘ ਫਲੌਰਾ, ਰਣਜੀਤ ਸਿੰਘ ਰੂਪਨਗਰ, ਜਗਜੀਤ ਸਿੰਘ ਬਾਟਾ, ਮੁਖਵਿੰਦਰ ਪਾਲ ਸਿੰਘ, ਭਗਵਾਨ ਸਿੰਘ, ਗੁਰਬਖ਼ਸ਼ ਸਿੰਘ, ਸੁਰਜੀਤ ਸਿੰਘ ਸੋਇਤਾ, ਜੋਗਾ ਸਿੰਘ ਐਸ. ਡੀ. ਓ., ਇੰਦਰਜੀਤ ਸਿੰਘ ਬਾਹੜਾ, ਨਵਦੀਪ ਸਿੰਘ, ਰਮਣੀਕ ਸਿੰਘ, ਗੁਰਚਰਨ ਸਿੰਘ ਪਾਬਲਾ, ਬਲਵੀਰ ਸਿੰਘ ਦੇਵਗਨ, ਗੁਰਪਾਲ ਸਿੰਘ, ਹਕੀਕਤ ਸਿੰਘ, ਬਖ਼ਸ਼ੀਸ਼ ਸਿੰਘ, ਜਸਕਰਨ ਸਿੰਘ ਧਰਮਕੋਟ, ਬਲਵਿੰਦਰ ਸਿੰਘ ਉਸਮਾਨਪੁਰ, ਸੁਰਜੀਤ ਸਿੰਘ ਮਹਿਤਪੁਰੀ, ਪਰਮਜੀਤ ਸਿੰਘ ਮੂਸਾਪੁਰ, ਗਿਆਨ ਸਿੰਘ, ਜਗਜੀਤ ਸਿੰਘ ਗਰਚਾ, ਬਖ਼ਸ਼ੀਸ਼ ਸਿੰਘ ਸੈਣੀ, ਮਨਜੀਤ ਸਿੰਘ ਗ੍ਰੰਥੀ, ਜਸਪਾਲ ਸਿੰਘ ਗ੍ਰੰਥੀ, ਇੰਦਰਜੀਤ ਸ਼ਰਮਾ, ਬਲਦੇਵ ਸਿੰਘ ਐਸ. ਡੀ. ਓ., ਨਰਿੰਦਰ ਸਿੰਘ ਭਾਰਟਾ, ਗੁਰਦੇਵ ਸਿੰਘ ਗਹੂੰਣ, ਅਮਰੀਕ ਸਿੰਘ ਬਛੌੜੀ, ਡਾ. ਅਮਰੀਕ ਸਿੰਘ, ਸੁਖਵਿੰਦਰ ਸਿੰਘ ਲਧਾਣਾ ਉੱਚਾ, ਜਗਜੀਤ ਸਿੰਘ ਗਰਚਾ, ਹੋਰ ਪਤਵੰਤੇ ਸੱਜਣ ਸ਼ਾਮਿਲ ਸਨ।

ਖ਼ਾਲਸਾ ਸਕੂਲ ਨਵਾਂਸ਼ਹਿਰ ਵਿਖੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਕਰਵਾਏ ਮਹਾਨ ਕੀਰਤਨ ਦਰਬਾਰ ਦੌਰਾਨ ਕਥਾਵਾਚਕ ਭਾਈ ਸਰਬਜੀਤ ਸਿੰਘ ਲੁਧਿਆਣੇ ਵਾਲੇ ਤੇ ਭਾਈ ਸਰਬਜੀਤ ਸਿੰਘ ਪਟਨਾ ਸਾਹਿਬ ਵਾਲੇ ਕੀਰਤਨ ਕਰਦੇ ਹੋਏ। ਅਜੀਤ ਤਸਵੀਰਾਂ

ਲੰਬੂਆਂ ਵਿਖੇ ਸਾਲਾਨਾ ਸੰਤ ਸਮਾਗਮ ਅੱਜ

ਮੌਜੂਦਾ ਗੱਦੀ ਨਸ਼ੀਨ ਵੇਦਾਂਤ ਅਚਾਰੀਆ ਸਵਾਮੀ ਚੇਤਨਾ ਨੰਦ ਮਹਾਰਾਜ।

ਬਲਾਚੌਰ, 28 ਅਕਤੂਬਰ (ਨਰੇਸ਼ ਧੌਲ)-ਕੁਟੀਆ ਸਾਹਿਬ ਪਿੰਡ ਲੰਬੂਆਂ ਵਿਖੇ ਸਾਲਾਨਾ ਸੰਤ ਸਮਾਗਮ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਤਿਗੁਰੂ ਬ੍ਰਹਮਾ ਨੰਦ ਮਹਾਰਾਜ ਗਊਆਂ ਵਾਲਿਆਂ ਦੇ ਅਸ਼ੀਰਵਾਦ ਸਦਕਾ ਮੌਜੂਦਾ ਗੱਦੀ ਨਸ਼ੀਨ ਵੇਦਾਂਤ ਅਚਾਰੀਆ ਸਵਾਮੀ ਚੇਤਨਾ ਨੰਦ ਮਹਾਰਾਜ ਦੀ ਸਰਪ੍ਰਸਤੀ ਹੇਠ 28 ਅਕਤੂਬਰ ਨੂੰ ਸ਼ਰਧਾ ਤੇ ਸਤਿਕਾਰ ਸਹਿਤ ਕਰਵਾਇਆ ਜਾ ਰਿਹਾ ਹੈ। ਠੇਕੇਦਾਰ ਸੁਭਾਸ਼ ਚੰਦਰ ਜਲੰਧਰ ਸਾਬਕਾ ਸਰਪੰਚ ਪਿੰਡ ਲੰਬੂਆਂ ਤੇ ਸੇਵਾਦਾਰਾਂ ਨੇ ਜਾਣਕਾਰੀ ਦਿੰਦਿਆਂ ਹੋਇਆਂ ਦੱਸਿਆ ਕਿ ਪਿਛਲੇ ਦੋ ਰੋਜਾਂ ਤੋਂ ਅਚਾਰੀਆ ਗਰੀਬ ਦਾਸ ਰਚਿਤ ਬਾਣੀ ਦੇ ਪਾਠ ਦਾ ਪ੍ਰਕਾਸ਼ ਕੀਤਾ ਗਿਆ ਹੈ ਜਿਸ ਸੰਬੰਧੀ ਸੰਪੂਰਨ ਭੋਗ 29 ਅਕਤੂਬਰ ਨੂੰ ਪਾਏ ਜਾਣਗੇ। ਉਪਰੰਤ ਸਵਾਮੀ ਚੇਤਨਾ ਨੰਦ ਭੂਰੀ ਵਾਲੇ ਸੰਗਤਾਂ ਨੂੰ ਪ੍ਰਵਚਨਾਂ ਨਾਲ ਨਿਹਾਲ ਕਰਨਗੇ। ਸੰਗਤਾਂ ਨੂੰ ਗੁਰੂ ਦਾ ਅਤੁੱਟ ਲੰਗਰ ਵਰਤਾਇਆ ਜਾਵੇਗਾ।

ਸਰਕਾਰੀ ਸਕੂਲ ਟੋਰੋਵਾਲ ਵਿਖੇ ਸਮਾਜਿਕ ਸਿੱਖਿਆ ਤੇ ਅੰਗਰੇਜ਼ੀ ਵਿਸ਼ੇ ਦੀ ਲਗਾਈ ਪ੍ਰਦਰਸ਼ਨੀ ਦੌਰਾਨ ਹਾਜ਼ਰ ਵਿਦਿਆਰਥੀ ਤੇ ਅਧਿਆਪਕ। ਤਸਵੀਰ : ਨਵਾਂਗਰਾਈਂ

ਟੋਰੋਵਾਲ ਸਕੂਲ 'ਚ ਸਮਾਜਿਕ ਸਿੱਖਿਆ ਤੇ ਅੰਗਰੇਜ਼ੀ ਵਿਸ਼ੇ ਦੀ ਪ੍ਰਦਰਸ਼ਨੀ ਲਗਾਈ

- ਮੁੱਖ ਅਧਿਆਪਕਾ ਬਲਵੀਰ ਕੌਰ ਨੇ ਕੀਤਾ ਉਦਘਾਟਨ

ਪੋਜੇਵਾਲ ਸਰਾਂ, 28 ਅਕਤੂਬਰ (ਨਵਾਂਗਰਾਈਂ)-ਵਿਦਿਆਰਥੀਆਂ ਅੰਦਰ ਰਚਨਾਤਮਿਕ ਦ੍ਰਿਸ਼ਟੀਕੋਣ ਪੈਦਾ ਕਰਨ ਲਈ ਸਿੱਖਿਆ ਵਿਭਾਗ ਵਲੋਂ ਨਿਵੇਕਲਾ ਉਪਰਾਲਾ ਕਰਦਿਆਂ 'ਰਾਸ਼ਟਰੀ ਆਵਿਸ਼ਕਾਰ ਅਭਿਆਨ' ਤਹਿਤ ਰਾਜ ਦੇ ਸਰਕਾਰੀ ਸਕੂਲਾਂ ਵਿਚ ਵੱਖ-ਵੱਖ ਵਿਸ਼ਿਆਂ ਦੀਆਂ ਪ੍ਰਦਰਸ਼ਨੀਆਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਸਰਕਾਰੀ ਮਿਡਲ ਸਕੂਲ ਟੋਰੋਵਾਲ ਵਿਖੇ ਸਮਾਜਿਕ ਸਿੱਖਿਆ ਤੇ ਅੰਗਰੇਜ਼ੀ ਵਿਸ਼ੇ ਦੀ ਪ੍ਰਦਰਸ਼ਨੀ ਸਕੂਲ ਇੰਚਾਰਜ ਨਿਰਮਲ ਸਿੰਘ ਹੱਕਲਾ ਤੇ ਸਵੀਟੀ ਅੰਗਰੇਜ਼ੀ ਮਿਸਟ੍ਰੈੱਸ ਦੀ ਅਗਵਾਈ ਵਿਚ ਲਗਾਈ ਗਈ। ਪ੍ਰਦਰਸ਼ਨੀ ਦਾ ਉਦਘਾਟਨ ਬਲਵੀਰ ਕੌਰ ਮੁੱਖ ਅਧਿਆਪਕਾ ਪੋਜੇਵਾਲ ਸਕੂਲ ਵਲੋਂ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਅਜਿਹੇ ਮੇਲਿਆਂ ਨਾਲ ਸਾਡੇ ਬੱਚਿਆ ਦੀ ਵਿਗਿਆਨਕ ਸੋਚ ਪੈਦਾ ਹੁੰਦੀ ਹੈ ਤੇ ਸਾਡੇ ਬੱਚਿਆ ਵਿਚ ਵੱਖ-ਵੱਖ ਵਿਸਿਆਂ ਵਿਚ ਰੌਚਿਕਤਾ ਪੈਦਾ ਹੁੰਦੀ ਹੈ। ਅਜਿਹੇ ਮੇਲਿਆਂ ਦੀ ਅੱਜ ਦੇ ਯੁੱਗ ਵਿਚ ਬਹੁਤ ਲੋੜ ਹੈ।

ਇਸ ਪ੍ਰਦਰਸ਼ਨੀ ਵਿਚ 6ਵੀਂ ਤੋਂ 8ਵੀਂ ਤੱਕ ਦੇ ਬੱਚਿਆ ਵਲੋਂ ਵੱਖ-ਵੱਖ ਕਿਰਿਆਵਾਂ ਦੀ ਪ੍ਰਦਰਸ਼ਨੀ ਲਗਾਈ ਗਈ। ਇਸ ਮੌਕੇ ਬੱਚਿਆ ਦੇ ਮਾਪਿਆ ਤੇ ਪਤਵੰਤਿਆਂ ਵਲੋਂ ਬੱਚਿਆ ਦਾ ਇਸ ਵਿਗਿਆਨ ਮੇਲੇ ਵਿਚ ਬੱਚਿਆ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਪਵਨ ਕੁਮਾਰ, ਸਤਿੰਦਰ ਕੁਮਾਰ ਪੋਜੇਵਾਲ, ਰਮਨ ਕੁਮਾਰ ਪੋਜੇਵਾਲ, ਚੇਅਰਮੈਨ ਬੇਬੀ, ਸਵੀਟੀ, ਅਨੁਰਾਧਾ ਹੱਕਲਾ, ਸੋਨੀਆ ਆਦਿ ਸਮੇਤ ਸਮੂਹ ਸਟਾਫ਼ ਤੇ ਬੱਚੇ ਹਾਜ਼ਰ ਸਨ।

ਤਰਨ ਤਾਰਨ ਤੋਂ 'ਆਪ' ਦਾ ਉਮੀਦਵਾਰ ਵੱਡੇ ਫਰਕ ਨਾਲ ਜਿੱਤੇਗਾ-ਬਲਾਕੀਪੁਰ

ਕਟਾਰੀਆਂ, 28 ਅਕਤੂਬਰ (ਪ੍ਰੇਮੀ ਸੰਧਵਾਂ)-ਪੰਜਾਬ ਦੇ ਤਰਨ ਤਾਰਨ 'ਚ ਹੋ ਰਹੀ ਜਿਮਨੀ ਚੋਣ 'ਚ 'ਆਪ' ਦਾ ਉਮੀਦਵਾਰ ਹਰਮੀਤ ਸਿੰਘ ਸੰਧੂ ਵਿਰੋਧੀਆਂ ਨੂੰ ਚਿੱਤ ਕਰਕੇ ਵੱਡੇ ਫਰਕ ਨਾਲ ਜਿੱਤੇਗਾ। ਇਹ ਪ੍ਰਗਟਾਵਾ ਕਿਸਾਨ ਆਗੂ ਜਗਜੀਤ ਸਿੰਘ ਬਲਾਕੀਪੁਰ ਨੇ ਕਰਦਿਆਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਸੂਬੇ ਨੂੰ ਬੁਲੰਦੀਆਂ 'ਤੇ ਪਹੁੰਚਾਇਆ ਜਾ ਰਿਹਾ ਹੈ ਕਿਉਂਕਿ ਕਿਸੇ ਵੀ ਸਰਕਾਰ ਨੇ ਸਿਹਤ ਸਹੂਲਤਾਂ, ਸਿੱਖਿਆ ਤੇ ਬੇਰੁਜਗਾਰੀ ਵੱਲ ਧਿਆਨ ਨਹੀਂ ਦਿੱ